***ਪ੍ਰੈਸ ਨੋਟ***
***(ਫਿਰੋਜ਼ਪੁਰ ਪੁਲਿਸ)***

**ਮਿਤੀ 16 ਅਕਤੂਬਰ 2023**

ਜਿਲ੍ਹਾ ਪੁਲਿਸ ਫਿਰੋਜਪੁਰ ਵੱਲੋਂ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀ ਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ ਪੂਰਨ ਸਿੰਘ ਪੁੱਤਰ ਬੰਤਾ ਸਿੰਘ ਵਾਸੀ ਲੱਖਾ ਸਿੰਘ ਵਾਲਾ ਹਿਠਾੜ ਥਾਣਾ ਲੱਖੋ ਕੇ ਬਹਿਰਾਮ ਜਿਲ੍ਹਾ ਫਿਰੋਜ਼ਪੁਰ ਦੀ **16,89,213/- ਰੁਪਏ ਦੀ** ਬਣਾਈ ਗਈ ਗੈਰ ਕਾਨੂੰਨੀ ਜਾਇਦਾਦ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 **ਤਹਿਤ ਫਰੀਜ਼ ਕਰਵਾਈ ਗਈ ਹੈ**, **13 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ, ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ ਅਟੈਚ ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।

**ਜਿਲਾਂ ਪੁਲਿਸ ਫਿਰੋਜ਼ਪੁਰ ਵੱਲੋ** ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆ ਪਰ ਪੂਰੀ ਤਰਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ। ਇਸ ਮੁਹਿਮ ਤਹਿਤ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ।

ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ, ਆਈ.ਪੀ.ਐਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ, ਦੀ ਨਿਗਰਾਨੀ ਹੇਠ ਕੰਮ ਕਰ ਰਹੀ ਪੁਲਿਸ ਟੀਮਾਂ ਵੱਲੋਂ ਪੂਰਨ ਸਿੰਘ ਉਕਤ ਤੋਂ 5120 Tramadol hiydrochloride tablets ਬਰਾਮਦ ਹੋਣ ਤੇ ਇਸ ਦੇ ਖਿਲਾਫ ਮੁਕੱਦਮਾ ਨੰ. 08 ਮਿਤੀ 17.01.2023 ਅ/ਧ 22 ਐਨ.ਡੀ.ਪੀ.ਐਸ ਐਕਟ ਥਾਣਾ ਲੱਖੋ ਕੇ ਬਹਿਰਾਮ ਵਿੱਚ ਦਰਜ ਰਜਿਸਟਰ ਹੋਇਆਂ ਸੀ। ਇਹ ਮੁਕੱਦਮਾ **ਮਾਨਯੋਗ ਅਦਾਲਤ ਵਿੱਚ ਜੇਰੇ ਸਮਾਇਤ ਅਦਾਲਤ ਹੈ।** ਪੂਰਨ ਸਿੰਘ ਉਕਤ ਦਾ ਪਿੰਡ ਲੱਖਾਂ ਸਿੰਘ ਹਿਠਾੜ ਵਿੱਚ ਬਣਿਆ 1410 ਸਕੇਅਰਫੁੱਟ ਦਾ ਮਕਾਨ ਜਿਸ ਦੀ ਕੀਮਤ **10,57,000/-** ਰੁਪਏ ਅਤੇ 01 ਮਹਿੰਦਰਾ ਬਲੈਰੋ ਪਿੱਕਅਪ ਜਿਸ ਦੀ ਕੀਮਤ **6,32,213/-** ਰੁਪਏ ਸੀ, ਇਸ ਤਰਾਂ ਇਸ ਦੀ **ਕੁੱਲ 16,89,213 /-** ਰੁਪਏ ਦੀ ਗੈਰ ਕਾਨੂੰਨੀ ਜਾਇਦਾਦ ਨੂੰ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 ਤਹਿਤ ਫਰੀਜ਼ ਕਰਵਾਇਆ ਗਿਆ ਹੈ, ਇਹਨਾਂ ਹੁਕਮਾ ਤਹਿਤ **ਅੱਜ ਮਿਤੀ 16-10-2023 ਨੂੰ ਹਲਕਾ ਡੀ.ਐੱਸ.ਪੀ ਗੁਰੂਹਰਸਹਾਏ, ਮੁੱਖ ਅਫਸਰ ਲੱਖੋ ਕੇ ਬਹਿਰਾਮ, ਵੱਲੋਂ ਫਰੀਜਿੰਗ ਦੇ ਆਰਡਰਾਂ ਨੂੰ ਪੂਰਨ ਸਿੰਘ ਦੇ ਘਰ ਦੇ ਬਾਹਰ ਚਿਪਕਾਇਆ ਗਿਆ ਹੈ।**



**ਪੂਰਨ ਸਿੰਘ**

**ਇਸ ਤਰਾਂ ਸਾਲ 2023 ਦੌਰਾਨ ਨਸ਼ਾ ਤਸਕਰਾ ਵੱਲੋਂ** ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ **ਨਜਾਇਜ ਸਾਧਨਾਂ ਰਾਹੀ ਬਣਾਈ** ਗਈ **15 ਕੇਸਾਂ ਦੀ ਕੁੱਲ 7,68,36,450/- ਰੁਪਏ ਦੀ** ਗੈਰ ਕਾਨੂੰਨੀ ਜਾਇਦਾਦ **ਨੂੰ ਫਰੀਜ਼ ਕਰਵਾਈ ਜਾ ਚੁੱਕੀ ਹੈ।** ਜਿਸ ਕਰਕੇ ਸਬੰਧਿਤ ਨਸ਼ਾ ਤਸਕਰ ਹੁਣ ਇਸ ਗੈਰ-ਕਾਨੂੰਨੀ ਜਾਇਦਾਦ ਨੂੰ ਕਿਸੇ ਵੀ ਵਿਅਕਤੀ ਨੂੰ ਵੇਚ/ਟਰਾਂਸਫਰ ਨਹੀ ਕਰ ਸਕਦੇ।

**13 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ।

ਇਸ ਤੋਂ ਇਲਾਵਾ ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ ਜਬਤ ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।